# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ :06-03-2026**

ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾ

- -ਪੰਜਾਬ ਵਿਧਾਨ ਸਭਾ ਦਾ ਬਜਟ ਇਜਲਾਸ ਅੱਜ ਤੋਂ ਸ਼ੁਰੂ- ਬਜਟ 8 ਮਾਰਚ ਨੂੰ ਕੀਤਾ ਜਾਵੇਗਾ ਪੇਸ਼ I
- ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਕਿਹਾ ਸਰਕਾਰ ਨੇ ਸੂਬੇ ਵਿੱਚ ਸਿਹਤ ਸੰਭਾਲ, ਸਿੱਖਿਆ, ਖੇਤੀਬਾੜੀ, ਬੁਨਿਆਦੀ ਢਾਂਚਾ, ਨਿਵੇਸ਼ ਅਤੇ ਲੋਕ ਭਲਾਈ ਦੇ ਉਪਰਾਲਿਆਂ ਦਾ ਕੀਤਾ ਵਿਸਥਾਰ I
- ਪੰਜਾਬ ਰਾਜ ਬਿਜਲੀ ਰੈਗੂਲੇਟਰੀ ਕਮਿਸ਼ਨ ਵਲੋਂ ਵਿੱਤੀ ਸਾਲ 2026-2027 ਲਈ, ਸੂਬੇ ਭਰ ਦੇ ਘਰਾਂ, ਕਾਰੋਬਾਰਾਂ ਅਤੇ ਸਨਅਤਾਂ ਸਮੇਤ ਸਾਰੇ ਖਪਤਕਾਰਾਂ ਲਈ ਬਿਜਲੀ ਦਰਾਂ ਘਟਾਈਆਂ ਗਈਆਂ।
- ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਗੁਰੂ ਨਾਨਕ ਅਧਿਐਨ ਵਿਭਾਗ ਵੱਲੋਂ ਤਿਆਰ ਕੀਤਾ ਗਿਆ "ਸਿੱਖ ਧਰਮ ਦੀ ਮੁੱਢਲੀ

ਜਾਣਕਾਰੀ" ਦਾ ਕੋਰਸ ਯੂ.ਜੀ. ਪ੍ਰੋਗਰਾਮ ਵਿੱਚ ਲਾਜ਼ਮੀ ਵਿਸ਼ੇ ਵਜੋਂ ਲਾਗੂ ਕਰਨ ਦਾ ਫੈਸਲਾ ।

- ICC ਵਲੋਂ ਅੱਜ ਮਰਦਾਂ ਦੇ ਟਵੈਂਟੀ-ਟਵੈਂਟੀ ਵਿਸ਼ਵ ਕੱਪ ਲਈ ਟੂਰਨਾਮੈਂਟ ਦੇ ਬੇਹਤਰੀਨ ਖਿਡਾਰੀ ਦੇ ਪੁਰਸਕਾਰ ਲਈ ਨਾਮਜ਼ਦ ਖਿਡਾਰੀਆਂ ਦੀ ਸੂਚੀ ਦਾ ਐਲਾਨ -ਸੰਜੂ ਸੈਮਸਨ ਇਸ ਸੂਚੀ ਵਿੱਚ ਸ਼ਾਮਲ ਹੋਣ ਵਾਲਾ ਇਕਲੌਤਾ ਭਾਰਤੀ ਕ੍ਰਿਕਟਰ ।

---------------------------------------------------------------------------------

ਪੰਜਾਬ ਵਿਧਾਨ ਸਭਾ ਦਾ ਬਜਟ ਇਜਲਾਸ ਅੱਜ ਰਾਜਪਾਲ ਗੁਲਾਬ ਚੰਦ ਕਟਾਰੀਆ ਦੇ ਉਦਘਾਟਨੀ ਭਾਸ਼ਣ ਨਾਲ ਸ਼ੁਰੂ ਹੋਇਆ । ਰਾਜਪਾਲ ਨੇ ਅੱਜ ਸੂਬਾ ਸਰਕਾਰ ਦੀ ਪੰਜਾਬ ਤੇ ਪੰਜਾਬੀਆਂ ਪ੍ਰਤੀ ਲਗਨ ਤੇ ਇਮਾਨਦਾਰੀ ਨਾਲ ਸੇਵਾ ਕਰਨ ਦੀ ਦ੍ਰਿੜ ਵਚਨਬੱਧਤਾ ਨੂੰ ਦੁਹਰਾਇਆ। ਇਸ ਮੌਕੇ ਰਾਜਪਾਲ ਨੇ ਕਿਹਾ ਕਿ ਪੰਜਾਬ ਸਰਕਾਰ ਗਤੀਸ਼ੀਲ ਤੇ ਪ੍ਰਗਤੀਸ਼ੀਲ 'ਰੰਗਲਾ ਪੰਜਾਬ' ਬਣਾਉਣ ਲਈ ਸੂਬੇ ਨੂੰ ਵਿਕਾਸ ਦੇ ਰਾਹ 'ਤੇ ਲਿਜਾਣ ਲਈ ਸਮਰਪਿਤ ਭਾਵਨਾ ਨਾਲ ਕੰਮ ਕਰ ਰਹੀ ਏ । ਬਜਟ ਇਜਲਾਸ ਨੂੰ ਸੰਬੋਧਨ ਕਰਦੇ ਹੋਏ ਰਾਜਪਾਲ ਨੇ ਸਿਹਤ ਸੰਭਾਲ, ਸਿੱਖਿਆ, ਖੇਤੀਬਾੜੀ, ਬੁਨਿਆਦੀ ਢਾਂਚਾ, ਸ਼ਾਸਨ, ਭਲਾਈ, ਉਦਯੋਗ ਅਤੇ ਜਨਤਕ ਸੇਵਾਵਾਂ ਵਿੱਚ ਪੰਜਾਬ ਸਰਕਾਰ ਵਲੋਂ ਕੀਤੇ ਗਏ ਉਪਰਾਲਿਆਂ ਦਾ ਵਿਸਥਾਰ ਚ ਵੇਰਵਾ ਪੇਸ਼ ਕੀਤਾ।

ਉਨ੍ਹਾਂ  ਕਿਹਾ ਕਿ ਪੰਜਾਬ ਭਰ ਵਿੱਚ 881 ਆਮ ਆਦਮੀ ਕਲੀਨਿਕ 107 ਦਵਾਈਆਂ ਅਤੇ 47 ਟੈਸਟ ਮੁਫ਼ਤ ਪ੍ਰਦਾਨ ਕਰਦੇ ਹਨ ਅਤੇ ਓ.ਪੀ.ਡੀ. ਵਿੱਚ ਲੋਕ ਪਹਿਲਾਂ ਹੀ 4 ਕਰੋੜ 70 ਲਖ ਤੋਂ ਵੱਧ ਵਾਰ ਓ.ਪੀ.ਡੀ. ਦਾ ਲਾਭ ਲੈ ਚੁੱਕੇ ਨੇ । ਰਾਜਪਾਲ ਨੇ ਕਿਹਾ ਕਿ ਆਮ ਆਦਮੀ ਕਲੀਨਿਕਾਂ ਵਿੱਚ ਸ਼ੁਰੂ ਕੀਤੀਆਂ ਗਈਆਂ ਜੱਚਾ-ਬੱਚਾ ਦੇਖਭਾਲ ਸੇਵਾਵਾਂ ਨੇ ਮਾਵਾਂ ਦੀ ਮੌਤ ਦਰ ਨੂੰ 105 ਤੋਂ ਘਟਾ ਕੇ 90 ਕਰਨ ਵਿੱਚ ਮਹੱਤਵਪੂਰਨ ਯੋਗਦਾਨ ਪਾਇਆ ਏ ।ਉਨ੍ਹਾਂ  ਕਿਹਾ, "ਪੰਜਾਬ ਸਰਕਾਰ ਨੇ ਲਗਭਗ 400 ਮਾਹਿਰ ਡਾਕਟਰਾਂ ਨੂੰ ਭਰਤੀ ਅਤੇ ਸੂਚੀਬੱਧ ਕਰਨਾ ਸ਼ੁਰੂ ਕੀਤਾ ਏ , ਜੋ ਕਿ ਮਾਹਿਰਾਂ ਦੀਆਂ ਸੇਵਾਵਾਂ ਦੇ ਸਭ ਤੋਂ ਵੱਡੇ ਵਿਸਥਾਰ ਨੂੰ ਦਰਸਾਉਂਦਾ ਏ । ਸੜਕ ਸੁਰੱਖਿਆ ਅਤੇ ਹੰਗਾਮੀ ਸੇਵਾਵਾਂ ਬਾਰੇ ਬੋਲਦਿਆਂ ਰਾਜਪਾਲ ਨੇ ਕਿਹਾ, “ਪੰਜਾਬ ਸਰਕਾਰ ਨੇ ਸੜਕ ਹਾਦਸੇ ਦੇ ਪੀੜਤਾਂ ਨੂੰ ਸਮੇਂ ਸਿਰ ਸਹਾਇਤਾ ਯਕੀਨੀ ਬਣਾਉਣ ਦੇ ਉਦੇਸ਼ ਨਾਲ ‘ਫਰਿਸ਼ਤੇ’ ਅਤੇ ‘ਸੜਕ ਸੁਰਖਿਆ ਫੋਰਸ’ ਦੀ ਸ਼ੁਰੂਆਤ ਕੀਤੀ ਹੈ। ‘ਫਰਿਸ਼ਤੇ’ ਸਕੀਮ ਹਾਦਸੇ ਦੇ ਪੀੜਤਾਂ ਨੂੰ ਤੁਰੰਤ ਨਕਦੀ ਰਹਿਤ ਇਲਾਜ ਪ੍ਰਦਾਨ ਕਰਦੀ ਹੈ ਅਤੇ ਜ਼ਖਮੀਆਂ ਨੂੰ ਹਸਪਤਾਲਾਂ ਤੱਕ ਪਹੁੰਚਣ ਵਿੱਚ ਮਦਦ ਕਰਨ ਲਈ ਪਰਉਪਕਾਰੀ ਲੋਕਾਂ ਨੂੰ 2,000 ਰੁਪਏ ਦੇ ਨਾਲ-ਨਾਲ ਸਰਟੀਫਿਕੇਟ ਵੀ ਦਿੰਦੀ ਏ ।ਪੰਜਾਬ ਸਰਕਾਰ ਨੇ ਪੰਜਾਬ ਇੰਸਟੀਚਿਊਟ ਆਫ਼ ਲਿਵਰ ਐਂਡ ਬਿਲੀਅਰੀ ਸਾਇੰਸਜ਼ ਨੂੰ ਚਾਲੂ ਕਰਕੇ ਆਹਲਾ ਦਰਜੇ ਦੇ ਸਿਹਤ

ਸੰਭਾਲ ਨੂੰ ਮਜ਼ਬੂਤ ਕਰਨ ਦੀ ਇਤਿਹਾਸਕ ਪਹਿਲਕਦਮੀ ਕੀਤੀ ਏ ।

ਨਸ਼ੀਲੇ ਪਦਾਰਥਾਂ ਦੀ ਦੁਰਵਰਤੋਂ ਦੇ ਮੁੱਦੇ ਨੂੰ ਸੰਬੋਧਿਤ ਕਰਦੇ ਹੋਏ ਰਾਜਪਾਲ ਨੇ ਕਿਹਾ ਕਿ 'ਯੁੱਧ ਨਸ਼ਿਆ ਵਿਰੁੱਧ' ਮੁਹਿੰਮ ਤਹਿਤ ਪਹੁੰਚਯੋਗ ਅਤੇ ਪ੍ਰਭਾਵੀ ਨਸ਼ਾ ਛੁਡਾਊ ਸੇਵਾਵਾਂ ਪ੍ਰਦਾਨ ਕਰਨ ਦੇ ਉਦੇਸ਼ ਨਾਲ ਪੰਜਾਬ ਭਰ ਵਿੱਚ ਕੁੱਲ 548 ਓਟ ਕਲੀਨਿਕ ਕਾਰਜਸ਼ੀਲ ਹਨ, ਜਿਨ੍ਹਾਂ ਵਿੱਚ ਇਲਾਜ ਮੁਹੱਈਆ ਕਰਵਾਇਆ ਜਾ ਰਿਹਾ ਹੈ। ਇਸ ਤੋਂ ਇਲਾਵਾ ਇਲਾਜ ਤੇ ਮੁੜ ਵਸੇਬੇ ਲਈ 36 ਸਰਕਾਰੀ ਅਤੇ 177 ਪ੍ਰਾਈਵੇਟ ਨਸ਼ਾ ਛੁਡਾਊ ਕੇਂਦਰਾਂ ਦੇ ਨਾਲ-ਨਾਲ 19 ਸਰਕਾਰੀ ਅਤੇ 74 ਪ੍ਰਾਈਵੇਟ ਮੁੜ ਵਸੇਬਾ ਕੇਂਦਰ ਕਾਰਜਸ਼ੀਲ ਹਨ। ਕੈਦੀਆਂ ਦੀ ਦੇਖਭਾਲ ਨੂੰ ਯਕੀਨੀ ਬਣਾਉਣ ਲਈ 19 ਜੇਲ੍ਹਾਂ ਵਿੱਚ ਵੀ ਨਸ਼ਾ ਛੁਡਾਊ ਸੇਵਾਵਾਂ ਦਿੱਤੀਆਂ ਜਾ ਰਹੀਆਂ ਹਨ।ਰਾਜਪਾਲ ਨੇ ਦੱਸਿਆ ਕਿ ਪੰਜਾਬ, ਦੇਸ਼ ਦਾ ਪਹਿਲਾ ਅਜਿਹਾ ਸੂਬਾ ਏ ਜਿਸ ਵਿੱਚ ਮੁੱਖ ਮੰਤਰੀ ਪੰਜਾਬ ਕੈਂਸਰ ਰਾਹਤ ਕੋਸ਼ ਸਕੀਮ ਤਹਿਤ ਨਕਦ ਰਹਿਤ ਕੈਂਸਰ ਦਾ ਇਲਾਜ ਪ੍ਰਦਾਨ ਕੀਤਾ ਜਾ ਰਿਹਾ ਹੈ। ਹੁਣ ਤੱਕ 957 ਕਰੋੜ ਰੁਪਏ ਦੀ ਰਾਸ਼ੀ ਨਾਲ 74,000 ਤੋਂ ਵੱਧ ਕੈਂਸਰ ਮਰੀਜ਼ਾਂ ਨੂੰ ਸਹਾਇਤਾ ਪ੍ਰਦਾਨ ਕੀਤੀ ਜਾ ਚੁੱਕੀ ਹੈ।ਸਿੱਖਿਆ ਸੁਧਾਰਾਂ ਨੂੰ ਉਜਾਗਰ ਕਰਦਿਆਂ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਦੱਸਿਆ ਕਿ ਪੰਜਾਬ ਸਿੱਖਿਆ ਕ੍ਰਾਂਤੀ ਤਹਿਤ ਪੰਜਾਬ ਸਰਕਾਰ ਨੇ ਅਪ੍ਰੈਲ, 2022 ਤੋਂ ਹੁਣ ਤੱਕ ਕੁੱਲ 13 ਹਜ਼ਾਰ 765

ਅਧਿਆਪਕਾਂ ਦੀ ਭਰਤੀ ਕੀਤੀ ਏ । ਰਾਜਪਾਲ ਨੇ ਕਿਹਾ ਕਿ ਸਾਰੇ ਕਿਸਾਨਾਂ ਤੱਕ ਨਹਿਰੀ ਪਾਣੀ ਦੀ ਪਹੁੰਚ ਯਕੀਨੀ ਬਣਾਉਣ ਲਈ ਪੰਜਾਬ ਸਰਕਾਰ ਨੇ ਲਗਭਗ 787 ਕਰੋੜ ਰੁਪਏ ਦੇ ਨਿਵੇਸ਼ ਨਾਲ ਕੁੱਲ 3,443 ਕਿਲੋਮੀਟਰ ਨਵੇਂ ਖਾਲਿਆਂ ਅਤੇ ਜ਼ਮੀਨਦੋਜ਼ ਪਾਈਪਲਾਈਨਾਂ ਵਿਛਾਉਣ ਦੀ ਯੋਜਨਾ ਬਣਾਈ ਏ । ਉਨ੍ਹਾਂ ਦੱਸਿਆ ਕਿ ਇਸ ਵਿੱਚੋਂ 2,650 ਕਿਲੋਮੀਟਰ ਦਾ ਕੰਮ ਪਹਿਲਾਂ ਹੀ ਮੁਕੰਮਲ ਹੋ ਚੁੱਕਾ ਏ । ਉਨ੍ਹਾਂ ਦੱਸਿਆ ਕਿ ਸਾਲ 2025-26 ਦੌਰਾਨ ਪੰਜਾਬ ਸਰਕਾਰ ਨੇ ਪੰਜਾਬ ਖੇਤੀਬਾੜੀ ਯੂਨੀਵਰਸਿਟੀ, ਲੁਧਿਆਣਾ ਦੁਆਰਾ ਸਿਫ਼ਾਰਸ਼ ਕੀਤੇ ਬੀਟੀ ਕਾਟਨ ਹਾਈਬ੍ਰਿਡ ਬੀਜਾਂ 'ਤੇ 33 ਫ਼ੀਸਦ ਸਬਸਿਡੀ ਪ੍ਰਦਾਨ ਕੀਤੀ ਹੈ। ਪੰਜਾਬ ਵਿੱਚ ਸਾਉਣੀ ਸੀਜ਼ਨ ਦੌਰਾਨ ਮੱਕੀ ਹੇਠ ਰਕਬੇ ਨੂੰ ਵਧਾਉਣ ਲਈ ਛੇ ਜ਼ਿਲ੍ਹਿਆਂ ਪਠਾਨਕੋਟ, ਗੁਰਦਾਸਪੁਰ, ਬਠਿੰਡਾ, ਸੰਗਰੂਰ, ਜਲੰਧਰ ਅਤੇ ਕਪੂਰਥਲਾ ਵਿੱਚ ਆਜ਼ਮਾਇਸ਼ੀ ਪ੍ਰੋਜੈਕਟ ਸ਼ੁਰੂ ਕੀਤਾ ਗਿਆ ਏ ਅਤੇ ਕਿਸਾਨਾਂ ਨੂੰ ਪ੍ਰਤੀ ਏਕੜ 17,500 ਰੁਪਏ ਦੀ ਵਿੱਤੀ ਸਹਾਇਤਾ ਪ੍ਰਦਾਨ ਕੀਤੀ ਜਾ ਰਹੀ ਏ ।ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਨੇ ਇਸ ਸਾਲ ਗੰਨੇ ਦੇ ਭਾਅ ਵਿੱਚ ਪਿਛਲੇ ਸਾਲ ਦੇ ਮੁਕਾਬਲੇ 15 ਰੁਪਏ ਪ੍ਰਤੀ ਕੁਇੰਟਲ ਦਾ ਵਾਧਾ ਕੀਤਾ ਏ । ਇਸ ਤੋਂ ਇਲਾਵਾ ਸੂਬਾ ਸਰਕਾਰ ਆਉਂਦੇ ਪਿੜਾਈ ਸੀਜ਼ਨ ਲਈ ਗੰਨੇ ਲਈ 416 ਰੁਪਏ ਪ੍ਰਤੀ ਕੁਇੰਟਲ ਦੇ ਰਹੀ ਏ ਜੋ ਕਿ ਦੇਸ਼ ਭਰ ਵਿੱਚ ਗੰਨਾ ਕਿਸਾਨਾਂ ਨੂੰ ਦਿੱਤੀ ਜਾ ਰਹੀ ਸਭ ਤੋਂ ਵੱਧ ਕੀਮਤ

ਏ । ਰਾਜਪਾਲ ਨੇ ਕਿਹਾ ਕਿ ਮਾਰਚ 2022 ਤੋਂ ਪੰਜਾਬ ਨੂੰ 8,261 ਨਿਵੇਸ਼ ਤਜਵੀਜ਼ਾਂ ਪ੍ਰਾਪਤ ਹੋਈਆਂ ਨੇ ।ਉਨਾ ਦੁਹਰਾਇਆ ਕਿ ਸਰਕਾਰ ਪਾਰਦਰਸ਼ੀ ਸ਼ਾਸਨ, ਸਰਬਪੱਖੀ ਵਿਕਾਸ ਅਤੇ ਲੋਕ ਭਲਾਈ ਲਈ ਵਚਨਬੱਧ ਏ ।ਜ਼ਿਕਰਯੋਗ ਏ ਕਿ 11 ਦਿਨਾਂ ਦੇ ਇਸ ਇਜਲਾਸ ਵਿੱਚ ਆਮ ਆਦਮੀ ਪਾਰਟੀ ਸਰਕਾਰ ਅਗਲੀਆਂ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਆਪਣਾ 5ਵਾਂ ਅਤੇ ਆਖਰੀ ਬਜਟ ਪੇਸ਼ ਕਰੇਗੀ। ਸੂਬੇ ਦੇ ਵਿੱਤ ਮੰਤਰੀ ਹਰਪਾਲ ਚੀਮਾ ਵੱਲੋਂ 8 ਮਾਰਚ ਐਤਵਾਰ ਨੂੰ ਅੰਤਰਰਾਸ਼ਟਰੀ ਮਹਿਲਾ ਦਿਵਸ 'ਤੇ ਬਜਟ ਤਜਵੀਜ਼ ਪੇਸ਼ ਕਰਨ ਦੀ ਉਮੀਦ ਏ । ਵਿਧਾਨ ਸਭਾ ਦੇ ਇਤਿਹਾਸ ਵਿੱਚ ਇਹ ਪਹਿਲੀ ਵਾਰ ਹੋਵੇਗਾ ਜਦੋਂ ਬਜਟ ਐਤਵਾਰ ਨੂੰ ਪੇਸ਼ ਕੀਤਾ ਜਾਵੇਗਾ।

---------------------------------------------------------------------

ਪੰਜਾਬ ਰਾਜ ਬਿਜਲੀ ਰੈਗੂਲੇਟਰੀ ਕਮਿਸ਼ਨ ਨੇ ਵਿੱਤੀ ਸਾਲ 2026-2027 ਲਈ, ਸੂਬੇ ਭਰ ਦੇ ਘਰਾਂ, ਕਾਰੋਬਾਰਾਂ ਅਤੇ ਸਨਅਤਾਂ ਸਮੇਤ ਸਾਰੇ ਖਪਤਕਾਰਾਂ ਲਈ ਬਿਜਲੀ ਦਰਾਂ ਘਟਾ ਦਿੱਤੀਆਂ ਨੇ। ਖਪਤ ਸਲੈਬਾਂ ਦੇ ਆਧਾਰ 'ਤੇ ਬਿਜਲੀ ਦਰਾਂ ਵਿੱਚ ਘਰੇਲੂ ਖਪਤਕਾਰਾਂ ਲਈ 1.5 ਰੁਪਏ ਪ੍ਰਤੀ ਯੂਨਿਟ, ਵਪਾਰਕ ਖਪਤਕਾਰਾਂ ਲਈ 79 ਪੈਸੇ ਪ੍ਰਤੀ ਯੂਨਿਟ ਅਤੇ ਸਨਅਤੀ ਇਕਾਈਆਂ ਲਈ 74 ਪੈਸੇ ਪ੍ਰਤੀ ਯੂਨਿਟ ਤੱਕ ਦੀ ਕਟੌਤੀ ਕੀਤੀ ਗਈ ਏ। ਨਵਾਂ ਟੈਰਿਫ ਆਰਡਰ ਪਹਿਲੀ ਅਪ੍ਰੈਲ,

2026 ਤੋਂ 31 ਮਾਰਚ, 2027 ਤੱਕ ਲਾਗੂ ਰਹੇਗਾ। ਘਰੇਲੂ ਖਪਤਕਾਰਾਂ ਲਈ ਫਾਇਦਿਆਂ ਨੂੰ ਹੋਰ ਉਜਾਗਰ ਕਰਦਿਆਂ, ਬਿਜਲੀ ਮੰਤਰੀ ਸੰਜੀਵ ਅਰੋੜਾ ਨੇ ਕਿਹਾ ਕਿ ਘਰਾਂ ਨੂੰ ਪ੍ਰਤੀ ਮਹੀਨਾ 300 ਯੂਨਿਟ ਤੱਕ ਮੁਫ਼ਤ ਬਿਜਲੀ ਮਿਲਦੀ ਰਹੇਗੀ। ਪੇਸ਼ੇਵਰਾਂ ਨੂੰ ਰਾਹਤ ਪ੍ਰਦਾਨ ਕਰਨ ਦੇ ਉਦੇਸ਼ ਨਾਲ ਇੱਕ ਹੋਰ ਮਹੱਤਵਪੂਰਨ ਫੈਸਲੇ ਵਿੱਚ, ਪੰਜਾਬ ਅਤੇ ਹਰਿਆਣਾ ਬਾਰ ਕੌਂਸਲ ਨਾਲ ਰਜਿਸਟਰਡ ਵਕੀਲਾਂ ਦੇ ਚੈਂਬਰਾਂ ਅਤੇ ਅਦਾਲਤੀ ਕੰਪਲੈਕਸਾਂ ਵਿੱਚ ਸਥਿਤ ਬਿਜਲੀ ਕੁਨੈਕਸ਼ਨ ਹੁਣ ਵਪਾਰਕ ਟੈਰਿਫ ਦੀ ਬਜਾਏ ਘਰੇਲੂ ਟੈਰਿਫ ਅਧੀਨ ਹੋਣਗੇ।ਇਹ ਟੈਰਿਫ ਆਰਡਰ, ਈਵੀ ਚਾਰਜਿੰਗ ਸਟੇਸ਼ਨਾਂ ਲਈ ਬਿਜਲੀ ਦਰ ਨੂੰ 5 ਰੁਪਏ ਪ੍ਰਤੀ ਯੂਨਿਟ ਘਟਾ ਕੇ ਸਾਫ਼ ਗਤੀਸ਼ੀਲਤਾ ਨੂੰ ਉਤਸ਼ਾਹਿਤ ਕਰਦੇ ਨੇ, ਜਿਸ ਨਾਲ ਪੰਜਾਬ, ਦੇਸ਼ ਵਿੱਚ ਸਭ ਤੋਂ ਘੱਟ ਈਵੀ ਚਾਰਜਿੰਗ ਟੈਰਿਫ ਵਾਲੇ ਰਾਜਾਂ ਵਿੱਚ ਸ਼ਾਮਲ ਹੋ ਗਿਆ ਏ।ਇਸ ਤੋਂ ਇਲਾਵਾ, ਕਮਿਸ਼ਨ ਨੇ ਕਈ ਹੋਰ ਖਪਤਕਾਰ-ਅਨੁਕੂਲ ਉਪਾਅ ਵੀ ਪੇਸ਼ ਕੀਤੇ ਨੇ।

-----------------------------------------------------------------------

ਅੰਮ੍ਰਿਤਸਰ ਸਥਿਤ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਵੱਖ-ਵੱਖ ਵਿਭਾਗਾਂ ਵਿੱਚ ਗੁਰੂ ਨਾਨਕ ਅਧਿਐਨ ਵਿਭਾਗ ਵੱਲੋਂ ਤਿਆਰ ਕੀਤਾ ਗਿਆ “ਸਿੱਖ ਧਰਮ ਦੀ ਮੁੱਢਲੀ ਜਾਣਕਾਰੀ” ਦਾ ਕੋਰਸ ਯੂ.ਜੀ.

ਪ੍ਰੋਗਰਾਮ ਵਿੱਚ ਲਾਜ਼ਮੀ ਵਿਸ਼ੇ ਵਜੋਂ ਲਾਗੂ ਕਰਨ ਦਾ ਫੈਸਲਾ ਕੀਤਾ ਗਿਆ ਏ ।ਉਪ ਕੁਲਪਤੀ ਵੱਲੋਂ ਮਨਜ਼ੂਰ ਬੋਰਡ ਆਫ ਕੰਟਰੋਲ, ਗੁਰੂ ਨਾਨਕ ਅਧਿਐਨ ਵਿਭਾਗ ਦੀ ਇਕੱਤਰਤਾ ਦੀ ਕਾਰਵਾਈ ਮੁਤਾਬਿਕ ਇਸ ਕੋਰਸ ਨੂੰ ਯੂਨੀਵਰਸਿਟੀ ਦੇ ਵੱਖ-ਵੱਖ ਵਿਭਾਗਾਂ ਵਿੱਚ ਲਾਜ਼ਮੀ ਵਿਸ਼ੇ ਵਜੋਂ ਪੜ੍ਹਾਉਣ ਸਬੰਧੀ ਸਿਫ਼ਾਰਸ਼ਾਂ 'ਤੇ ਅੱਜ ਯੂਨੀਵਰਸਿਟੀ ਦੀ ਅਕਾਦਮਿਕ ਕੌਂਸਲ ਵੱਲੋਂ ਮੋਹਰ ਲਗਾ ਦਿੱਤੀ ਗਈ। ਜਿਸ ਦੀ ਪ੍ਰਧਾਨਗੀ ਯੂਨੀਵਰਸਿਟੀ ਦੇ ਉਪ ਕੁਲਪਤੀ ਕਰ ਰਹੇ ਸਨ। ਇਹ ਕੋਰਸ ਆਨਲਾਈਨ ਮਾਧਿਅਮ ਰਾਹੀਂ ਓ.ਡੀ.ਐਲ. ਐਂਡ ਆਨਲਾਈਨ ਸਟਡੀ ਭਾਗ ਵੱਲੋਂ ਪੜ੍ਹਾਇਆ ਜਾਵੇਗਾ।

---------------------------------------------------------------------

ਵਿਸ਼ਵ ਸਿਹਤ ਸੰਗਠਨ ਦੀ ਵਿਸ਼ੇਸ਼ ਕੈਂਸਰ ਏਜੰਸੀ, ਕੈਂਸਰ ਦੀ ਖੋਜ ਬਾਰੇ ਕੌਮਾਂਤਰੀ ਏਜੰਸੀ -(IARC) ਨੇ ਬਠਿੰਡਾ ਸਥਿਤ ਪੰਜਾਬ ਕੇਂਦਰੀ ਯੂਨੀਵਰਸਿਟੀ ਦੇ ਇੱਕ ਖੋਜ ਕਾਰਜ ਨੂੰ ਸਵੀਕਾਰ ਕਰ ਲਿਆ ਏ ।ਜਿਸਦਾ ਸਿਰਲੇਖ -"ਡਿਜੀਟਲ ਯੁੱਗ ਵਿੱਚ ਕੈਂਸਰ ਬਾਰੇ ਗਲਤ ਜਾਣਕਾਰੀ: ਖੋਜ ਰੁਝਾਨਾਂ ਅਤੇ ਮੁੱਖ ਥੀਮਾਂ ਦਾ ਇੱਕ ਆਲਮੀ ਸੰਸਲੇਸ਼ਣ" ਰੱਖਿਆ ਗਿਆ ਏ ।ਇਹ ਖੋਜ ਲੋਕਾਂ ਨੂੰ ਵੱਖ-ਵੱਖ ਕਿਸਮਾਂ ਦੇ ਕੈਂਸਰ ਨਾਲ ਸਬੰਧਤ ਗਲਤ ਜਾਣਕਾਰੀ ਅਤੇ ਮਿੱਥ ਤੋਂ ਜਾਣੂ ਕਰਵਾਉਣ ਲਈ ਏ ।ਇਸ ਖੋਜ ਪ੍ਰੋਜੈਕਟ ਦੀ ਅਗਵਾਈ ਐਸੋਸੀਏਟ ਪ੍ਰੋਫੈਸਰ ਅਤੇ

ਮਾਸ ਕਮਿਊਨੀਕੇਸ਼ਨ ਐਂਡ ਮੀਡੀਆ ਸਟੱਡੀਜ਼ ਵਿਭਾਗ ਦੇ ਮੁਖੀ,ਡਾ. ਰੂਬਲ ਕਨੌਜੀਆ, ਪੀਐਚਡੀ ਸਕਾਲਰ ਨਮਨ ਅਤੇ ਰਿਤੂ ਆਰੀਆ ਦੇ ਨਾਲ-ਨਾਲ ਹੋਰ ਸਾਥੀ ਲੈਬਮੇਟ ਕਰ ਰਹੇ ਨੇ ।IARC ਵਲੋਂ ਖੋਜ ਕਾਰਜ ਨੂੰ ਸਵੀਕਾਰ ਕਰਨਾ ਇੱਕ ਮਾਣ ਵਾਲੀ ਗੱਲ ਏ ਕਿਉਂਕਿ ਇਸ ਲਈ ਸਖ਼ਤ ਮੁਲਾਂਕਣ ਪ੍ਰਕਿਰਿਆਵਾਂ ਦੀ ਲੋੜ ਹੁੰਦੀ ਏ ।

------------------------------------------------------------------------

ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਗੈਰਕਾਨੂੰਨੀ ਹਥਿਆਰ ਤਸਕਰੀ ਮੋਡਿਊਲ ਦਾ ਪਰਦਾਫਾਸ਼ ਕਰਦਿਆਂ ਇੱਕ ਨਾਬਾਲਿਗ ਸਮੇਤ 6 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਏ ।ਪੁਲਿਸ ਕਮਿਸ਼ਨਰ ਗੁਰਪ੍ਰੀਤ ਸਿੰਘ ਭੁੱਲਰ ਨੇ ਦੱਸਿਆ ਕਿ ਪੁਲਿਸ ਨੇ ਮੁਲਜ਼ਮਾਂ ਕੋਲੋਂ 5 ਪਿਸਤੌਲ, 34 ਜਿੰਦੇ ਕਾਰਤੂਸ ਅਤੇ ਇੱਕ ਤੇਜ਼ਧਾਰ ਹਥਿਆਰ ਵੀ ਬਰਾਮਦ ਕੀਤਾ ਏ । ਉਨ੍ਹਾਂ ਸ਼ੁਰੂਆਤੀ ਜਾਂਚ ਵਿੱਚ ਸਾਹਮਣੇ ਆਇਆ ਏ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਸੋਸ਼ਲ ਮੀਡੀਆ ਰਾਹੀਂ ਪਾਕਿਸਤਾਨ ਵਿੱਚ ਬੈਠੇ ਹਥਿਆਰ ਤਸਕਰਾਂ ਨਾਲ ਸੰਪਰਕ ਵਿੱਚ ਸਨ ਅਤੇ ਉਨ੍ਹਾਂ ਦੇ ਹੁਕਮਾਂ ‘ਤੇ ਹਥਿਆਰਾਂ ਦੀ ਖੇਪ ਮੰਗਵਾ ਕੇ ਵੱਖ-ਵੱਖ ਇਲਾਕਿਆਂ ਵਿੱਚ ਸਪਲਾਈ ਕਰਨ ਦਾ ਕੰਮ ਕਰ ਰਹੇ ਸਨ। BYTE

ਓਧਰ ਬਟਾਲਾ ਪੁਲਸ ਨੇ ਮਿਥ ਕੇ ਕਤਲ ਕਰਨ ਵਾਲੇ ਗੋਪੀ ਲਾਹੌਰੀਆ ਦੇ 2 ਸਾਥੀਆਂ ਸਮੇਤ 4 ਵਿਅਕਤੀਆਂ ਨੂੰ ਕੀਤਾ ਗ੍ਰਿਫਤਾਰ ਕਰਕੇ ਊਨਾ

ਦੇ ਕਬਜ਼ੇ ਚੋਂ ਵਿਦੇਸ਼ੀ ਪਿਸਤੌਲ,60 ਜਿੰਦਾ ਰੌਂਦ ਅਤੇ ਇਕ ਮੋਟਰ ਸਾਈਕਲ ਬਰਾਮਦ ਕੀਤਾ ਏ ।SSP ਮਹਿਤਾਬ ਸਿੰਘ ਨੇ ਦਸਿਆ ਕਿ ਗ੍ਰਿਫਤਾਰੀ ਤੋਂ ਬਾਅਦ ਪੁੱਛਗਿਛ ਕੀਤੀ ਜਾ ਰਹੀ ਏ ।

-----------------------------------------------------------------------

ਸਾਬਕਾ ਸੈਨਿਕਾਂ ਨੂੰ ਰੁਜ਼ਗਾਰ ਦੇ ਮੌਕੇ ਪ੍ਰਦਾਨ ਕਰਨ ਦੇ ਉਪਰਾਲੇ ਵਜੋਂ ਸਾਬਕਾ ਸੈਨਿਕ ਭਲਾਈ ਵਿਭਾਗ ਦਾ ਡਾਇਰੈਕਟੋਰੇਟ ਜਨਰਲ ਰੀਸੈਟਲਮੈਂਟ-DGR 17 ਮਾਰਚ ਨੂੰ ਚੰਡੀਗੜ੍ਹ ਦੇ 12 ਵਿੰਗ ਏਅਰ ਫੋਰਸ ਸਟੇਸ਼ਨ, ਵਿੱਚ ਸਾਬਕਾ ਸੈਨਿਕਾਂ ਲਈ ਇੱਕ ਰੁਜ਼ਗਾਰ ਮੇਲਾ ਕਰਵਾਇਆ ਜਾ ਰਿਹਾ ਏ ।ਇਹ ਰੁਜ਼ਗਾਰ ਮੇਲਾ ਭਾਰਤੀ ਫੌਜ, ਜਲ ਸੈਨਾ ਅਤੇ ਹਵਾਈ ਸੈਨਾ ਦੇ ਸਾਬਕਾ ਸੈਨਿਕਾਂ ਨੂੰ ਸੁਰੱਖਿਆ, ਆਈਟੀ, ਪ੍ਰਸ਼ਾਸਨ, ਲੌਜਿਸਟਿਕਸ, ਸਿਹਤ ਸੰਭਾਲ ਅਤੇ ਇੰਜੀਨੀਅਰਿੰਗ ਵਰਗੇ ਵੱਖ-ਵੱਖ ਖੇਤਰਾਂ ਵਿੱਚ ਪ੍ਰਮੁੱਖ ਕਾਰਪੋਰੇਟ ਅਤੇ ਉਦਯੋਗਿਕ ਮਾਲਕਾਂ ਨਾਲ ਜੋੜਨ ਲਈ ਇੱਕ ਸਮਰਪਿਤ ਮੰਚ ਪ੍ਰਦਾਨ ਕਰੇਗਾ।ਇਹ ਪਹਿਲਕਦਮੀ ਸਾਬਕਾ ਸੈਨਿਕਾਂ ਦੇ ਮੁੜ ਵਸੇਬੇ ਅਤੇ ਭਲਾਈ ਲਈ ਸਾਬਕਾ ਸੈਨਿਕ ਭਲਾਈ ਵਿਭਾਗ ਦੀ ਨਿਰੰਤਰ ਵਚਨਬੱਧਤਾ ਨੂੰ ਦਰਸਾਉਂਦੀ ਏ । ਡੀਜੀਆਰ ਵਿੱਤੀ ਸਾਲ 2025-26 ਵਿੱਚ ਦੇਸ਼ ਭਰ ਵਿੱਚ 18 ਰੁਜ਼ਗਾਰ ਮੇਲੇ ਆਯੋਜਿਤ ਕਰ ਰਿਹਾ ਏ ।ਸਾਬਕਾ ਸੈਨਿਕ esmhire.com 'ਤੇ ਔਨਲਾਈਨ ਰਜਿਸਟਰ ਕਰ ਸਕਦੇ ਨੇ । ਰਜਿਸਟ੍ਰੇਸ਼ਨ ਲਿੰਕ

ਡੀਜੀਆਰ ਦੀ ਵੈੱਬਸਾਈਟ, dgrindia.gov.in 'ਤੇ ਵੀ ਉਪਲਬਧ ਏ ।

-----------------------------------------------------------------------------------

ਗੁਰੂ ਅੰਗਦ ਦੇਵ ਵੈਟਨਰੀ ਅਤੇ ਐਨੀਮਲ ਸਾਇੰਸਜ਼ ਯੂਨੀਵਰਸਿਟੀ, ਲੁਧਿਆਣਾ ਦੀ ਵੈਟੀ ਐਂਡ ਲਾਈਵਸਟਾਕ ਇਨੋਵੇਸ਼ਨ ਐਂਡ ਇਨਕਿਊਬੇਸ਼ਨ ਫਾਊਂਡੇਸ਼ਨ ਸੈਕਸ਼ਨ 8 ਕੰਪਨੀ ਨੇ 'ਪਿੱਚਕੁਐਸਟ 2.0' ਦਾ ਆਯੋਜਨ ਕੀਤਾ, ਜਿਸ ਵਿੱਚ ਅੰਤਰਰਾਸ਼ਟਰੀ ਮਾਹਿਰਾਂ, ਨਿਵੇਸ਼ਕਾਂ ਅਤੇ ਸਟਾਰਟਅੱਪਸ ਨੂੰ ਇੱਕ ਸਾਂਝੇ ਮੰਚ 'ਤੇ ਇਕੱਠਾ ਕੀਤਾ ਗਿਆ। ਡਾਇਰੈਕਟਰ ਡਾ. ਰਾਮ ਸਰਨ ਸੇਠੀ ਨੇ ਦਸਿਆ  ਕਿ ਇਹ ਪ੍ਰੋਗਰਾਮ ਵੈਟਨਰੀ ਅਤੇ ਸਹਾਇਕ ਖੇਤਰਾਂ ਵਿੱਚ ਉੱਦਮਤਾ ਨੂੰ ਉਤਸ਼ਾਹਿਤ ਕਰਨ ਅਤੇ ਨਵੀਨਤਾਵਾਂ ਨੂੰ ਸਲਾਹਕਾਰਾਂ ਅਤੇ ਫੰਡਿੰਗ ਏਜੰਸੀਆਂ ਦੇ ਸਾਹਮਣੇ ਆਪਣੇ ਵਿਚਾਰ ਪੇਸ਼ ਕਰਨ ਦਾ ਮੌਕਾ ਪ੍ਰਦਾਨ ਕਰਨ ਲਈ ਤਿਆਰ ਕੀਤਾ ਗਿਆ । ਪ੍ਰੋਗਰਾਮ ਵਿੱਚ ਉੱਘੇ ਅੰਤਰਰਾਸ਼ਟਰੀ ਮਾਹਿਰਾਂ ਨੇ ਸ਼ਮੂਲੀਅਤ ਕੀਤੀ । ਪਸਾਰ ਸਿੱਖਿਆ ਦੇ ਨਿਰਦੇਸ਼ਕ ਡਾ. ਰਵਿੰਦਰ ਸਿੰਘ ਗਰੇਵਾਲ,ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਅਜਿਹੀਆਂ ਪਹਿਲਕਦਮੀਆਂ ਵੈਟਨਰੀ ਅਤੇ ਪਸ਼ੂਧਨ ਖੇਤਰਾਂ ਵਿੱਚ ਨਵੀਨਤਾ-ਅਧਾਰਿਤ ਵਿਕਾਸ ਨੂੰ ਮਜ਼ਬੂਤ ਕਰਨ ਲਈ ਬਹੁਤ ਜ਼ਰੂਰੀ ਹਨ। ਉਨ੍ਹਾਂ

ਨੇ ਯੂਨੀਵਰਸਿਟੀ ਦੀ ਸਲਾਹਕਾਰ ਅਤੇ ਇਨਕਿਊਬੇਸ਼ਨ ਸਹਾਇਤਾ ਰਾਹੀਂ ਨੌਜਵਾਨ ਉੱਦਮੀਆਂ ਨੂੰ ਅੱਗੇ ਵਧਾਉਣ ਦੀ ਵਚਨਬੱਧਤਾ ਨੂੰ ਦੁਹਰਾਇਆ। ਡਾ. ਐਲਿਕਸ ਹੇਡਨ ਨੇ VLIIF ਦੇ ਸਰਗਰਮ ਯਤਨਾਂ ਦੀ ਸ਼ਲਾਘਾ ਕੀਤੀ, ਉਨ੍ਹਾਂ ਕਿਹਾ ਕਿ ਨਵੀਨਤਾ ਅਤੇ ਸਹਿਯੋਗ ਆਰਥਿਕ ਵਿਕਾਸ ਅਤੇ ਟਿਕਾਊ ਵਿਕਾਸ ਲਈ ਕੇਂਦਰੀ ਨੁਕਤੇ ਹਨ।ਮੁੱਖ ਮਹਿਮਾਨ, ਉਪ-ਕੁਲਪਤੀ ਡਾ. ਜਤਿੰਦਰ ਪਾਲ ਸਿੰਘ ਗਿੱਲ, ਨੇ ਕਿਹਾ ਕਿ ਯੂਨੀਵਰਸਿਟੀਆਂ ਦੀ ਉੱਦਮਤਾ ਨੂੰ ਪ੍ਰੇਰਿਤ ਕਰਨ ਵਿੱਚ ਇੱਕ ਮਹੱਤਵਪੂਰਨ ਭੂਮਿਕਾ ਏ ਅਤੇ ਸਾਰੇ ਹਿੱਸੇਦਾਰਾਂ ਨੂੰ ਦੁਨੀਆ ਦੀਆਂ ਸਮੱਸਿਆਵਾਂ ਲਈ ਹੱਲ ਵਿਕਸਤ ਕਰਨ ਲਈ ਸਮੂਹਿਕ ਤੌਰ 'ਤੇ ਕੰਮ ਕਰਨ ਦੀ ਲੋੜ ਏ ।ਫਾਊਂਡੇਸ਼ਨ ਦੇ ਮੁੱਖ ਕਾਰਜਕਾਰੀ ਅਧਿਕਾਰੀ, ਇਕਬਾਲਪ੍ਰੀਤ ਕੌਰ ਸਿੱਧੂ ਨੇ ਦੱਸਿਆ ਕਿ ਸਟਾਰਟਅੱਪਸ ਨੇ ਏਕਾਰਾ ਫਾਈਨੈਂਸ਼ੀਅਲਜ਼, IBSE (ਅੰਮ੍ਰਿਤਸਰ ਚੈਪਟਰ), SROT, ਪੰਜਾਬ ਏਂਜਲਸ ਨੈੱਟਵਰਕ, ਬਲੈਕ ਲੀਓ ਵੈਂਚਰਸ, ਅਤੇ GX ਵੈਂਚਰਸ ਪ੍ਰਾਈਵੇਟ ਲਿਮਟਿਡ ਦੇ ਨਿਵੇਸ਼ਕਾਂ ਸਾਹਮਣੇ ਆਪਣੇ ਵਿਚਾਰ ਪੇਸ਼ ਕੀਤੇ, ਜਿਨ੍ਹਾਂ ਨੇ ਨਵੀਨਤਾਵਾਂ ਦੀ ਸ਼ਲਾਘਾ ਕੀਤੀ ਅਤੇ ਕੀਮਤੀ ਸੁਝਾਅ ਦਿੱਤੇ।

---------------------------------------------------------------------

ਅੰਤਰਰਾਸ਼ਟਰੀ ਕ੍ਰਿਕਟ ਕੌਂਸਲ - ICC ਨੇ ਅੱਜ ਮਰਦਾਂ ਦੇ Twenty-twenty ਵਿਸ਼ਵ ਕੱਪ ਵਿੱਚ ਬੇਹਤਰੀਨ ਖਿਡਾਰੀ ਦੇ ਪੁਰਸਕਾਰ ਲਈ

ਨਾਮਜ਼ਦ ਖਿਡਾਰੀਆਂ ਦੀ ਸੂਚੀ ਦਾ ਐਲਾਨ ਕੀਤਾ ਏ। ਸੰਜੂ ਸੈਮਸਨ ਇਸ ਸੂਚੀ ਵਿੱਚ ਸ਼ਾਮਲ ਹੋਣ ਵਾਲਾ ਇਕਲੌਤਾ ਭਾਰਤੀ ਕ੍ਰਿਕਟਰ ਏ। ਭਾਰਤੀ ਵਿਕਟਕੀਪਰ ਅਤੇ ਬੱਲੇਬਾਜ਼ ਨੇ ਨਾਕਆਊਟ ਗੇੜ ਵਿੱਚ, ਲਗਾਤਾਰ ਦੋ ਮੈਚਾਂ ਵਿੱਚ ਜੇਤੂ ਪ੍ਰਦਰਸ਼ਨ ਕੀਤੇ। ਸੰਜੂ ਨੇ ਵੈਸਟਇੰਡੀਜ਼ ਵਿਰੁੱਧ ਸੁਪਰ ਅੱਠ ਮੈਚ ਵਿੱਚ ਜੇਤੂ 97 ਦੌੜਾਂ ਬਣਾਈਆਂ ਅਤੇ ਸੈਮੀਫਾਈਨਲ ਵਿੱਚ 89 ਦੌੜਾਂ ਦੀ ਤੇਜ਼ ਪਾਰੀ ਖੇਡੀ। ਸੰਜੂ ਨੇ ਦੋਵਾਂ ਮੈਚਾਂ ਵਿੱਚ ਸਰਬੋਤਮ ਖਿਡਾਰੀ ਦਾ ਪੁਰਸਕਾਰ ਜਿੱਤਿਆ। ICC Twenty-twenty ਵਿਸ਼ਵ ਕੱਪ 2026 ਦੇ ਫਾਈਨਲ ਤੋਂ ਬਾਅਦ, ਬੇਹਤਰੀਨ ਖਿਡਾਰੀ ਪੁਰਸਕਾਰ ਦੇ ਜੇਤੂ ਦਾ ਐਲਾਨ ਕੀਤਾ ਜਾਵੇਗਾ।

---

- -ਪੰਜਾਬ ਵਿਧਾਨ ਸਭਾ ਦਾ ਬਜਟ ਇਜਲਾਸ ਅੱਜ ਤੋਂ ਸ਼ੁਰੂ- ਬਜਟ 8 ਮਾਰਚ ਨੂੰ ਕੀਤਾ ਜਾਵੇਗਾ ਪੇਸ਼ I
- ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਕਿਹਾ ਸਰਕਾਰ ਨੇ ਸੂਬੇ ਵਿੱਚ ਸਿਹਤ ਸੰਭਾਲ, ਸਿੱਖਿਆ, ਖੇਤੀਬਾੜੀ, ਬੁਨਿਆਦੀ ਢਾਂਚਾ, ਨਿਵੇਸ਼ ਅਤੇ ਲੋਕ ਭਲਾਈ ਦੇ ਉਪਰਾਲਿਆਂ ਦਾ ਕੀਤਾ ਵਿਸਥਾਰ I

- ਪੰਜਾਬ ਰਾਜ ਬਿਜਲੀ ਰੈਗੂਲੇਟਰੀ ਕਮਿਸ਼ਨ ਵਲੋਂ ਵਿੱਤੀ ਸਾਲ 2026-2027 ਲਈ, ਸੂਬੇ ਭਰ ਦੇ ਘਰਾਂ, ਕਾਰੋਬਾਰਾਂ ਅਤੇ ਸਨਅਤਾਂ ਸਮੇਤ ਸਾਰੇ ਖਪਤਕਾਰਾਂ ਲਈ ਬਿਜਲੀ ਦਰਾਂ ਘਟਾਈਆਂ ਗਈਆਂ ।
- ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਗੁਰੂ ਨਾਨਕ ਅਧਿਐਨ ਵਿਭਾਗ ਵੱਲੋਂ ਤਿਆਰ ਕੀਤਾ ਗਿਆ "ਸਿੱਖ ਧਰਮ ਦੀ ਮੁੱਢਲੀ ਜਾਣਕਾਰੀ" ਦਾ ਕੋਰਸ ਯੂ.ਜੀ. ਪ੍ਰੋਗਰਾਮ ਵਿੱਚ ਲਾਜ਼ਮੀ ਵਿਸ਼ੇ ਵਜੋਂ ਲਾਗੂ ਕਰਨ ਦਾ ਫੈਸਲਾ । ਅਤੇ
- ICC ਵਲੋਂ ਅੱਜ ਮਰਦਾਂ ਦੇ ਟਵੈਂਟੀ-ਟਵੈਂਟੀ ਵਿਸ਼ਵ ਕੱਪ ਲਈ ਟੂਰਨਾਮੈਂਟ ਦੇ ਬੇਹਤਰੀਨ ਖਿਡਾਰੀ ਦੇ ਪੁਰਸਕਾਰ ਲਈ ਨਾਮਜ਼ਦ ਖਿਡਾਰੀਆਂ ਦੀ ਸੂਚੀ ਦਾ ਐਲਾਨ -ਸੰਜੂ ਸੈਮਸਨ ਇਸ ਸੂਚੀ ਵਿੱਚ ਸ਼ਾਮਲ ਹੋਣ ਵਾਲਾ ਇਕਲੌਤਾ ਭਾਰਤੀ ਕ੍ਰਿਕਟਰ ।

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ**

**ਨਮਸਕਾਰ !**